Punjabi - Number 44b
January 2026

# ਚਿਕਨਪੌਕਸ (ਵੈਰੀਸੈਲਾ) ਵੈਕਸੀਨ

# Chickenpox (varicella) Vaccine

ਟੀਕਾਕਰਨ ਨੇ ਪਿਛਲੇ 50 ਸਾਲਾਂ ਵਿੱਚ ਕੈਨੇਡਾ ਵਿੱਚ ਹੋਰ ਕਿਸੇ ਵੀ ਸਿਹਤ ਉਪਾਅ ਨਾਲੋਂ ਵਧੇਰੇ ਜਾਨਾਂ ਬਚਾਈਆਂ ਹਨ।

## ਚਿਕਨਪੌਕਸ ਵੈਕਸੀਨ ਕੀ ਹੈ?

ਚਿਕਨਪੌਕਸ ਵੈਕਸੀਨ ਵੈਰੀਸੈਲਾ-ਜ਼ੋਸਟਰ ਵਾਇਰਸ ਤੋਂ ਬਚਾਉਂਦਾ ਹੈ, ਉਹ ਵਾਇਰਸ ਜੋ ਚਿਕਨਪੌਕਸ ਦਾ ਕਾਰਨ ਬਣਦਾ ਹੈ। ਵੈਕਸੀਨ ਵਿੱਚ ਵਾਇਰਸ ਦਾ ਇੱਕ ਕਮਜ਼ੋਰ ਰੂਪ ਹੁੰਦਾ ਹੈ। ਵੈਕਸੀਨ ਹੈਲਥ ਕੈਨੇਡਾ ਦੁਆਰਾ ਮਾਨਤਾ ਪ੍ਰਾਪਤ ਹੈ।

ਤੁਹਾਡੇ ਬੱਚੇ ਦੇ ਨਿਯਮਤ ਟੀਕਾਕਰਨ ਦੇ ਹਿੱਸੇ ਵਜੋਂ ਚਿਕਨਪੌਕਸ ਵੈਕਸੀਨ ਮੁਫ਼ਤ ਹੈ। ਅਪੌਇੰਟਮੈਂਟ ਤੈਅ ਕਰਨ ਲਈ ਆਪਣੇ ਸਿਹਤ ਸੰਭਾਲ ਪ੍ਰਦਾਤਾ ਨੂੰ ਕਾਲ ਕਰੋ।

## ਵੈਕਸੀਨ ਕਿਸਨੂੰ ਲਗਵਾਉਣੀ ਚਾਹੀਦੀ ਹੈ?

ਬੱਚਿਆਂ ਨੂੰ 2 ਖੁਰਾਕਾਂ ਦੀ ਲੜੀ ਵਜੋਂ ਚਿਕਨਪੌਕਸ ਵੈਕਸੀਨ ਮਿਲਦੀ ਹੈ। ਪਹਿਲੀ ਖੁਰਾਕ 12 ਮਹੀਨਿਆਂ ਦੀ ਉਮਰ ਵਿੱਚ ਦਿੱਤੀ ਜਾਂਦੀ ਹੈ ਅਤੇ ਦੂਜੀ ਖੁਰਾਕ 4 ਤੋਂ 6 ਸਾਲ ਦੀ ਉਮਰ ਵਿੱਚ ਦਿੱਤੀ ਜਾਂਦੀ ਹੈ। ਉਹਨਾਂ ਬੱਚਿਆਂ ਲਈ ਜਿਨ੍ਹਾਂ ਨੂੰ ਖਸਰਾ, ਕੰਨ ਪੇੜੇ ਜਾਂ ਰੁਬੇਲਾ ਤੋਂ ਸੁਰੱਖਿਆ ਦੀ ਲੋੜ ਹੁੰਦੀ ਹੈ, ਦੂਜੀ ਖੁਰਾਕ ਖਸਰਾ, ਕੰਨ ਪੇੜੇ, ਰੁਬੇਲਾ ਅਤੇ ਵੈਰੀਸੈਲਾ (MMRV) ਦੇ ਸੰਯੁਕਤ ਵੈਕਸੀਨ ਵਜੋਂ ਦਿੱਤੀ ਜਾ ਸਕਦੀ ਹੈ। MMRV ਵੈਕਸੀਨ ਬਾਰੇ ਹੋਰ ਜਾਣਕਾਰੀ ਲਈ, HealthLinkBC ਫਾਈਲ #14e ਖਸਰਾ, ਕੰਨ ਪੇੜੇ, ਰੁਬੇਲਾ ਅਤੇ ਵੈਰੀਸੈਲਾ (ਐਮਐਮਆਰਵੀ) ਵੈਕਸੀਨ'ਤੇ ਜਾਓ।

ਬੱਚਿਆਂ ਨੂੰ ਇਹ ਵੈਕਸੀਨ ਬਚਪਨ ਦੇ ਹੋਰ ਟੀਕਾਕਰਨਾਂ ਦੇ ਨਾਲ ਹੀ ਲਗਾਇਆ ਜਾਂਦਾ ਹੈ।

| ਚਿਕਨਪੌਕਸ ਵੈਕਸੀਨ | ਟੀਕਾਕਰਣ ਸਮੇਂ ਬੱਚੇ ਦੀ ਉਮਰ |
|---|---|
| 1ਲੀ ਖੁਰਾਕ | 12 ਮਹੀਨੇ |
| 2ਰੀ ਖੁਰਾਕ | 4 ਤੋਂ 6 ਸਾਲ |

ਇਹ ਵੈਕਸੀਨ ਉਨ੍ਹਾਂ ਵੱਡੇ ਬੱਚਿਆਂ ਅਤੇ ਬਾਲਗਾਂ ਲਈ ਵੀ ਮੁਫ਼ਤ ਉਪਲਬਧ ਹੈ ਜਿਨ੍ਹਾਂ ਦਾ ਟੀਕਾਕਰਨ ਨਹੀਂ ਹੋਇਆ ਹੈ।

ਜਿਨ੍ਹਾਂ ਲੋਕਾਂ ਨੂੰ ਆਪਣੇ ਪਹਿਲੇ ਜਨਮਦਿਨ ਤੋਂ ਪਹਿਲਾਂ ਚਿਕਨਪੌਕਸ ਹੋ ਗਿਆ ਸੀ, ਉਨ੍ਹਾਂ ਨੂੰ ਅਜੇ ਵੀ ਵੈਕਸੀਨ ਲਗਵਾਉਣੀ ਚਾਹੀਦੀ ਹੈ ਕਿਉਂਕਿ ਹੋ ਸਕਦਾ ਹੈ ਕਿ ਉਨ੍ਹਾਂ ਵਿੱਚ ਲੰਬੇ ਸਮੇਂ ਤੱਕ ਚੱਲਣ ਵਾਲੀ ਪ੍ਰਤੀਰੋਧਕ ਸ਼ਕਤੀ ਵਿਕਸਤ ਨਾ ਹੋਈ ਹੋਵੇ ਅਤੇ ਉਨ੍ਹਾਂ ਨੂੰ ਦੁਬਾਰਾ ਚਿਕਨਪੌਕਸ ਹੋ ਸਕਦਾ ਹੈ। ਜਿਨ੍ਹਾਂ ਲੋਕਾਂ ਨੂੰ ਇੱਕ ਸਾਲ ਜਾਂ ਇਸ ਤੋਂ ਵੱਧ ਉਮਰ ਵਿੱਚ ਚਿਕਨਪੌਕਸ ਜਾਂ ਸ਼ਿੰਗਲਜ਼ ਹੋਇਆ ਸੀ, ਉਨ੍ਹਾਂ ਨੂੰ ਵੈਕਸੀਨ ਲਗਵਾਉਣ ਦੀ ਜ਼ਰੂਰਤ ਨਹੀਂ ਹੈ ਜੇਕਰ:

- ਉਨ੍ਹਾਂ ਨੂੰ ਇਹ ਬਿਮਾਰੀ 2004 ਤੋਂ ਪਹਿਲਾਂ ਹੋਈ ਸੀ।
- ਲੈਬ ਟੈਸਟ ਦੁਆਰਾ ਬਿਮਾਰੀ ਦੀ ਪੁਸ਼ਟੀ ਕੀਤੀ ਗਈ ਸੀ।

ਬੀਮਾਰੀਆਂ ਤੋਂ ਬਚਾਉਣ ਲਈ ਲਗਾਏ ਗਏ ਸਾਰੇ ਟੀਕਿਆਂ ਦਾ ਰਿਕਾਰਡ ਰੱਖਣਾ ਮਹੱਤਵਪੂਰਨ ਹੈ।

## ਵੈਕਸੀਨ ਦੇ ਕੀ ਲਾਭ ਹਨ?

ਚਿਕਨਪੌਕਸ ਵੈਕਸੀਨ ਚਿਕਨਪੌਕਸ ਅਤੇ ਇਸ ਦੀਆਂ ਪੇਚੀਦਗੀਆਂ ਤੋਂ ਬਚਾਅ ਦਾ ਸਭ ਤੋਂ ਵਧੀਆ ਤਰੀਕਾ ਹੈ।

ਜਦੋਂ ਤੁਸੀਂ ਆਪਣੇ ਬੱਚੇ ਦਾ ਟੀਕਾਕਰਨ ਕਰਵਾਉਂਦੇ ਹੋ, ਤਾਂ ਤੁਸੀਂ ਦੂਜਿਆਂ ਦੀ ਸੁਰੱਖਿਆ ਵਿੱਚ ਵੀ ਮਦਦ ਕਰਦੇ ਹੋ।

## ਵੈਕਸੀਨ ਦੇ ਬਾਅਦ ਦੀਆਂ ਸੰਭਾਵੀ ਪ੍ਰਤੀਕਿਰਿਆਵਾਂ ਕੀ ਹਨ?

ਵੈਕਸੀਨਾਂ ਬਹੁਤ ਸੁਰੱਖਿਅਤ ਹੁੰਦੀਆਂ ਹਨ। ਚਿਕਨਪੌਕਸ ਹੋਣ ਨਾਲੋਂ ਵੈਕਸੀਨ ਲਗਵਾਉਣਾ ਬਹੁਤ ਸੁਰੱਖਿਅਤ ਹੈ।

ਵੈਕਸੀਨ ਦੀਆਂ ਆਮ ਪ੍ਰਤੀਕ੍ਰਿਆਵਾਂ ਵਿੱਚ ਵੈਕਸੀਨ ਦਿੱਤੇ ਜਾਣ ਵਾਲੀ ਥਾਂ ਤੇ ਜਲਨ, ਲਾਲੀ, ਅਤੇ ਸੋਜ ਸ਼ਾਮਲ ਹੋ ਸਕਦੇ ਹਨ। ਹਲਕਾ ਬੁਖਾਰ ਅਤੇ ਧੱਫੜ, ਜੋ ਕਿ ਚਿਕਨਪੌਕਸ ਵਰਗਾ ਲੱਗਦਾ ਹੈ ਪਰ ਘੱਟ ਧੱਬਿਆਂ ਵਾਲਾ ਹੁੰਦਾ ਹੈ, ਟੀਕਾਕਰਨ ਤੋਂ ਲਗਭਗ 2 ਹਫ਼ਤਿਆਂ ਬਾਅਦ ਹੋ ਸਕਦਾ ਹੈ।

ਵਿਰਲੇ ਹੀ, ਇੱਕ ਵਿਅਕਤੀ ਜਿਸਨੂੰ ਟੀਕਾਕਰਨ ਤੋਂ ਬਾਅਦ ਧੱਫੜ ਹੁੰਦੇ ਹਨ, ਚਿਕਨਪੌਕਸ ਵੈਕਸੀਨ ਤੋਂ ਵਾਇਰਸ ਹੋ ਸਕਦਾ ਹੈ। ਇਸਨੂੰ ਦੂਜਿਆਂ ਵਿੱਚ ਫੈਲਣ ਤੋਂ ਰੋਕਣ ਲਈ, ਧੱਫੜ ਨੂੰ ਉਦੋਂ ਤੱਕ ਢੱਕੋ ਜਦੋਂ ਤੱਕ ਛਾਲੇ ਸੁੱਕ ਨਾ ਜਾਣ ਅਤੇ ਪਪੜੀ ਨਾ ਬਣ ਜਾਵੇ।

> ਬੁਖ਼ਾਰ ਜਾਂ ਦਰਦ ਲਈ ਐਸੀਟਾਮਿਨੋਫ਼ਿਨ (ਜਿਵੇਂ ਕਿ ਟਾਇਲੇਨੋਲ ®) ਜਾਂ ਆਈਬਿਊਪਰੋਫ਼ੈਨ (ਜਿਵੇਂ ਕਿ ਐਡਵਿਲ ®) ਦਿੱਤੀ ਜਾ ਸਕਦੀ ਹੈ। ਰੇਏ ਸਿੰਨਡਰੋਮ ਦੇ ਖਤਰੇ ਕਰਕੇ 18 ਸਾਲਾਂ ਤੋਂ ਘੱਟ ਉਮਰ ਦੇ ਕਿਸੇ ਵਿਅਕਤੀ ਨੂੰ ਏਐਸਏ (ASA) (ਉਦਾਹਾਰਣ ਲਈ ਐਸਪਰੀਨ (Aspirin®)) ਨਹੀਂ ਦਿੱਤੀ ਜਾਣੀ ਚਾਹੀਦੀ।

*ਤੁਹਾਡੇ ਸਿਹਤ ਸੰਭਾਲ ਪ੍ਰਦਾਤਾ ਨਾਲ ਪਹਿਲਾਂ ਗੱਲ ਕੀਤੇ ਬਿਨਾਂ 6 ਮਹੀਨਿਆਂ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਆਈਬਿਊਪਰੋਫ਼ੈਨ ਨਹੀਂ ਦਿੱਤੀ ਜਾਣੀ ਚਾਹੀਦੀ।

ਰੇਏ ਸਿੰਨਡਰੋਮ ਬਾਰੇ ਹੋਰ ਜਾਣਕਾਰੀ ਲਈ, HealthLinkBC File #84 ਰੇਏ ਸਿੰਨਡਰੋਮ'ਤੇ ਜਾਓ।

ਕੋਈ ਵੀ ਵੈਕਸੀਨ ਲਗਵਾਉਣ ਤੋਂ ਬਾਅਦ 15 ਮਿੰਟ ਤੱਕ ਕਲੀਨਿਕ ਵਿੱਚ ਰਹਿਣਾ ਮਹੱਤਵਪੂਰਨ ਹੈ। ਐਨਾਫਲਾਕਸਿਸ ਨਾਮ ਦੀ ਜੀਵਨ ਨੂੰ ਖਤਰੇ ਵਿੱਚ ਪਾਉਣ ਵਾਲੀ ਅਲਰਜਿਕ ਪ੍ਰਤੀਕ੍ਰਿਆ ਦੀ ਅਤਿ ਵਿਰਲੀ ਸੰਭਾਵਨਾ ਹੋ ਸਕਦੀ ਹੈ। ਅਜਿਹਾ ਵੈਕਸੀਨ ਪ੍ਰਾਪਤ ਕਰਨ ਵਾਲੇ ਇੱਕ ਮਿਲੀਅਨ ਵਿੱਚੋਂ ਇੱਕ ਤੋਂ ਵੀ ਘੱਟ ਲੋਕਾਂ ਵਿੱਚ ਹੁੰਦਾ ਹੈ। ਲੱਛਣਾਂ ਵਿੱਚ ਛਪਾਕੀ, ਸਾਹ ਲੈਣ ਵਿੱਚ ਤਕਲੀਫ, ਜਾਂ ਗਲੇ, ਜੀਭ ਜਾਂ ਬੁਲ੍ਹਾਂ ਦੀ ਸੋਜ ਸ਼ਾਮਲ ਹੋ ਸਕਦੇ ਹਨ। ਜੇਕਰ ਇਹ ਪ੍ਰਤੀਕਿਰਿਆ ਹੁੰਦੀ ਹੈ, ਤਾਂ ਤੁਹਾਡਾ ਸਿਹਤ ਸੰਭਾਲ ਪ੍ਰਦਾਤਾ ਉਸਦਾ ਇਲਾਜ ਕਰਨ ਲਈ ਤਿਆਰ ਹੈ। ਐਮਰਜੈਂਸੀ ਇਲਾਜ ਵਿੱਚ ਏਪੀਨੇਫ੍ਰਿਨ (ਐਡਰੇਨਲਿਨ) ਦਿੱਤੇ ਜਾਣਾ ਅਤੇ ਐਂਬੂਲੈਂਸ ਦੁਆਰਾ ਨਜ਼ਦੀਕੀ ਐਮਰਜੈਂਸੀ ਵਿਭਾਗ ਵਿੱਚ ਟ੍ਰਾਂਸਫਰ ਕਰਨਾ ਸ਼ਾਮਲ ਹੈ। ਜੇਕਰ ਤੁਹਾਡੇ ਕਲੀਨਿਕ ਤੋਂ ਜਾਣ ਤੋਂ ਬਾਅਦ ਲੱਛਣ ਪੈਦਾ ਹੁੰਦੇ ਹਨ, ਤਾਂ **9-1-1** 'ਤੇ ਜਾਂ ਸਥਾਨਕ ਐਮਰਜੈਂਸੀ ਨੰਬਰ 'ਤੇ ਕਾਲ ਕਰੋ।

ਆਪਣੇ ਸਿਹਤ ਸੰਭਾਲ ਪ੍ਰਦਾਤਾ ਨੂੰ ਹਮੇਸ਼ਾ ਗੰਭੀਰ ਜਾਂ ਅਚਾਨਕ ਹੋਣ ਵਾਲੀਆਂ ਪ੍ਰਤੀਕਿਰਿਆਵਾਂ ਦੀ ਰਿਪੋਰਟ ਕਰੋ।

## ਕਿਸਨੂੰ ਵੈਕਸੀਨ ਨਹੀਂ ਲਗਵਾਉਣੀ ਚਾਹੀਦੀ?

ਜੇਕਰ ਤੁਹਾਨੂੰ ਜਾਂ ਤੁਹਾਡੇ ਬੱਚੇ ਨੂੰ ਇਹ ਹੋਇਆ ਸੀ ਤਾਂ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ:

- ਚਿਕਨਪੌਕਸ ਵੈਕਸੀਨ ਦੀ ਪਿਛਲੀ ਖੁਰਾਕ, ਜਾਂ ਨਿਓਮਾਈਸਿਨ ਜਾਂ ਜੈਲੇਟਿਨ ਸਮੇਤ ਵੈਕਸੀਨ ਦੇ ਕਿਸੇ ਵੀ ਹਿੱਸੇ ਪ੍ਰਤੀ ਜਾਨਲੇਵਾ ਪ੍ਰਤੀਕ੍ਰਿਆ ਹੋਈ ਸੀ
- ਸਰੀਰਕ ਸੁਰੱਖਿਆ ਪ੍ਰਣਾਲੀ ਬੀਮਾਰੀ ਜਾਂ ਮੈਡੀਕਲ ਇਲਾਜ ਕਰਕੇ ਕਮਜ਼ੋਰ ਹੈ
- ਪਿਛਲੇ 12 ਮਹੀਨਿਆਂ ਦੇ ਅੰਦਰ ਖ਼ੂਨ ਚੜ੍ਹਾਇਆ ਹੈ ਜਾਂ ਹੋਰ ਖ਼ੂਨ ਉਤਪਾਦ ਪ੍ਰਾਪਤ ਕੀਤੇ ਹਨ
- ਇਲਾਜ ਨਾ ਕੀਤਾ ਗਿਆ ਸਕ੍ਰਿਅ ਤਪਦਿਕ ਹੈ
- ਗਰਭਵਤੀ ਹੋ ਜਾਂ ਗਰਭਵਤੀ ਹੋਣ ਦੀ ਯੋਜਨਾ ਬਣਾ ਰਹੇ ਹੋ। ਚਿਕਨਪੌਕਸ ਵੈਕਸੀਨ ਲਗਵਾਉਣ ਤੋਂ ਬਾਅਦ ਇੱਕ ਮਹੀਨੇ ਤੱਕ ਗਰਭ ਅਵਸਥਾ ਤੋਂ ਬਚਣਾ ਚਾਹੀਦਾ ਹੈ

ਜ਼ੁਕਾਮ ਜਾਂ ਹੋਰ ਹਲਕੀ ਬਿਮਾਰੀ ਦੇ ਕਾਰਨ ਟੀਕਾਕਰਨ ਕਰਵਾਉਣ ਵਿੱਚ ਦੇਰੀ ਕਰਨ ਦੀ ਕੋਈ ਲੋੜ ਨਹੀਂ ਹੈ। ਪਰ, ਜੇ ਤੁਹਾਨੂੰ ਕੋਈ ਚਿੰਤਾਵਾਂ ਹਨ ਤਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ।

## ਚਿਕਨਪੌਕਸ ਕੀ ਹੈ?

ਚਿਕਨਪੌਕਸ ਵੈਰੀਸੈਲਾ-ਜ਼ੋਸਟਰ ਵਾਇਰਸ ਕਾਰਨ ਹੋਣ ਵਾਲੀ ਇੱਕ ਲਾਗ ਹੈ। ਜਦੋਂ ਕੋਈ ਸੰਕਰਮਿਤ ਵਿਅਕਤੀ ਖੰਘਦਾ ਜਾਂ ਛਿੱਕਦਾ ਹੈ ਤਾਂ ਇਹ ਹਵਾ ਰਾਹੀਂ ਆਸਾਨੀ ਨਾਲ ਫੈਲਦਾ ਹੈ। ਜਦੋਂ ਤੁਸੀਂ ਇਸ ਹਵਾ ਵਿੱਚ ਸਾਹ ਲੈਂਦੇ ਹੋ ਜਾਂ ਦੂਸ਼ਿਤ ਸਤਹਾਂ ਨੂੰ ਛੂਹੰਦੇ ਹੋ ਤਾਂ ਤੁਸੀਂ ਸੰਕਰਮਿਤ ਹੋ ਸਕਦੇ ਹੋ। ਇਹ ਵਾਇਰਸ ਕਿਸੇ ਸੰਕਰਮਿਤ ਵਿਅਕਤੀ ਦੇ ਲਾਰ ਦੇ ਸੰਪਰਕ ਵਿੱਚ ਆਉਣ ਜੋ ਕਿ ਭੋਜਨ, ਪੀਣ ਵਾਲੇ ਪਦਾਰਥ, ਸਿਗਰਟ ਸਾਂਝੇ ਕਰਨ ਜਾਂ ਚੁੰਮਣ ਰਾਹੀਂ ਫੈਲ ਸਕਦਾ ਹੈ। ਇਹ ਚਿਕਨਪੌਕਸ ਜਾਂ ਸ਼ਿੰਗਲਜ਼ ਦੇ ਛਾਲਿਆਂ ਤੋਂ ਤਰਲ ਦੇ ਸੰਪਰਕ ਦੁਆਰਾ ਵੀ ਫੈਲਦਾ ਹੈ।

ਚਿਕਨਪੌਕਸ ਵਾਲੇ ਬੱਚਿਆਂ ਨੂੰ ਔਸਤਨ 350 ਲਾਲ, ਖਾਰਸ਼ ਵਾਲੇ ਛਾਲੇ ਹੋ ਸਕਦੇ ਹਨ। ਨਵਜੰਮੇ ਬੱਚਿਆਂ, ਕਿਸ਼ੋਰਾਂ, ਬਾਲਗਾਂ, ਗਰਭਵਤੀ ਔਰਤਾਂ ਅਤੇ ਕਮਜ਼ੋਰ ਇਮਿਊਨ ਸਿਸਟਮ ਵਾਲੇ ਲੋਕਾਂ ਵਿੱਚ ਲਾਗ ਵਧੇਰੇ ਗੰਭੀਰ ਹੁੰਦੀ ਹੈ।

ਚਿਕਨਪੌਕਸ ਤੋਂ ਹੋਣ ਵਾਲੀਆਂ ਪੇਚੀਦਗੀਆਂ ਵਿੱਚ ਸ਼ਾਮਲ ਹਨ ਨਮੂਨੀਆ (ਫੇਫੜਿਆਂ ਦੀ ਲਾਗ), ਐਨਸੇਫਲਾਈਟਿਸ (ਦਿਮਾਗ ਦੀ ਸੋਜ) ਅਤੇ ਚਮੜੀ ਦੇ ਬੈਕਟੀਰੀਆ ਦੀ ਲਾਗ। ਐਨਸੇਫਲਾਈਟਿਸ ਨਾਲ ਦੌਰੇ ਪੈ ਸਕਦੇ ਹਨ, ਬੋਲਾਪਨ ਹੋ ਸਕਦਾ ਹੈ ਜਾਂ ਦਿਮਾਗ ਨੂੰ ਨੁਕਸਾਨ ਹੋ ਸਕਦਾ ਹੈ। ਲਗਭਗ 3,000 ਬਾਲਗਾਂ ਵਿੱਚੋਂ ਇੱਕ ਦੀ ਮੌਤ ਇਸ ਲਾਗ ਨਾਲ ਹੋਵੇਗੀ।

ਬਹੁਤ ਘੱਟ ਮਾਮਲਿਆਂ ਵਿੱਚ, ਗਰਭ ਅਵਸਥਾ ਦੇ ਸ਼ੁਰੂ ਵਿੱਚ ਲਾਗ ਦੇ ਨਤੀਜੇ ਵਜੋਂ ਬੱਚਾ ਜਨਮ ਦੇ ਸਮੇਂ ਦੇ ਨੁਕਸਾਂ ਨਾਲ ਪੈਦਾ ਹੋ ਸਕਦਾ ਹੈ। ਇਸਨੂੰ ਕੰਨਜੈਨੀਟਲ ਵੈਰੀਸੈਲਾ ਸਿੰਨਡਰੋਮ ਕਿਹਾ ਜਾਂਦਾ ਹੈ। ਜਨਮ ਸਮੇਂ ਬੱਚਿਆਂ ਦਾ ਭਾਰ ਘੱਟ ਹੋ ਸਕਦਾ ਹੈ, ਉਨ੍ਹਾਂ ਨੂੰ ਦਾਗ ਅਤੇ ਅੰਗਾਂ, ਅੱਖਾਂ ਅਤੇ ਦਿਮਾਗ ਸੰਬੰਧੀ ਸਮੱਸਿਆਵਾਂ ਹੋ ਸਕਦੀਆਂ ਹਨ। ਚਿਕਨਪੌਕਸ ਗਰਭਪਾਤ ਜਾਂ ਮਰੇ ਹੋਏ ਬੱਚੇ ਦੇ ਜਨਮ ਦਾ ਕਾਰਨ ਵੀ ਬਣ ਸਕਦੀ ਹੈ।

ਕੁਝ ਲੋਕਾਂ ਲਈ, ਵਾਇਰਸ ਬਾਅਦ ਵਿੱਚ ਜੀਵਨ ਵਿੱਚ ਦੁਬਾਰਾ ਸਰਗਰਮ ਹੋ ਸਕਦਾ ਹੈ ਅਤੇ ਇੱਕ ਦਰਦਨਾਕ ਧੱਫੜ ਪੈਦਾ ਕਰ ਸਕਦਾ ਹੈ ਜਿਸਨੂੰ ਸ਼ਿੰਗਲਜ਼ ਕਿਹਾ ਜਾਂਦਾ ਹੈ। ਚਿਕਨਪੌਕਸ ਬਾਰੇ ਹੋਰ ਜਾਣਕਾਰੀ ਲਈ, HealthLinkBC ਫ਼ਾਈਲ #44a ਚਿਕਨਪੌਕਸ ਬਾਰੇ ਤੱਥ'ਤੇ ਜਾਓ। ਸ਼ਿੰਗਲਜ਼ ਬਾਰੇ ਹੋਰ ਜਾਣਕਾਰੀ ਲਈ,HealthLinkBC ਫ਼ਾਈਲ #111 ਸ਼ਿੰਗਲਜ਼ ਵੈਕਸੀਨ'ਤੇ ਜਾਓ।

## ਸਿਆਣੇ ਨਾਬਾਲਗਾਂ ਦੀ ਸਹਿਮਤੀ

ਸਿਫ਼ਾਰਸ਼ ਕੀਤੀ ਜਾਂਦੀ ਹੈ ਕਿ ਮਾਤਾ-ਪਿਤਾ ਜਾਂ ਸਰਪ੍ਰਸਤ ਅਤੇ ਉਨ੍ਹਾਂ ਦੇ ਬੱਚੇ ਟੀਕਾਕਰਨ (ਇਮਿਊਨਾਈਜ਼ੇਸ਼ਨ) ਲਈ ਸਹਿਮਤੀ ਬਾਰੇ ਚਰਚਾ ਕਰਨ। 19 ਸਾਲ ਤੋਂ ਘੱਟ ਉਮਰ ਦੇ ਉਹ ਬੱਚੇ ਜਿਹੜੇ ਹਰ ਵੈਕਸੀਨ ਦੇ ਲਾਭ ਅਤੇ ਸੰਭਵ ਪ੍ਰਤੀਕਿਰਿਆਵਾਂ ਅਤੇ ਇਮਿਊਨਾਈਜ਼ੇਸ਼ਨ ਨਾ ਕਰਵਾਉਣ ਦੇ ਜੋਖਮ ਸਮਝਣ ਦੇ ਕਾਬਲ ਹੋਣ, ਕਾਨੂੰਨੀ ਤੌਰ ਤੇ ਇਮਿਊਨਾਈਜ਼ੇਸ਼ਨ ਲਈ ਸਹਿਮਤ ਹੋ ਸਕਦੇ ਜਾਂ ਉਸ ਲਈ ਇਨਕਾਰ ਕਰ ਸਕਦੇ ਹਨ। ਸਿਆਣੇ ਨਾਬਾਲਗਾਂ ਦੀ ਸਹਿਮਤੀ ਬਾਰੇ ਹੋਰ ਜਾਣਕਾਰੀ ਵਾਸਤੇ HealthLinkBC ਫ਼ਾਈਲ #119 ਦ ਇੰਨਫੈਂਟਸ ਐਕਟ, ਸਿਆਣੇ ਨਾਬਾਲਗਾਂ ਦੀ ਸਹਿਮਤੀ ਅਤੇ ਇਮਿਊਨਾਈਜ਼ੇਸ਼ਨ 'ਤੇ ਜਾਓ।

BC Centre for Disease Control
Provincial Health Services Authority